**ਪਉੜੀ ॥ ਮਨੁ ਲੋਚੈ ਹਰਿ ਮਿਲਣ ਕਉ ਕਿਉ ਦਰਸਨੁ ਪਾਈਆ ॥ ਮੈ ਲਖ ਵਿੜਤੇ ਸਾਹਿਬਾ ਜੇ ਬਿੰਦ ਬੋੁਲਾਈਆ ॥ ਮੈ ਚਾਰੇ ਕੁੰਡਾ ਭਾਲੀਆ ਤੁਧੁ ਜੇਵਡੁ ਨ ਸਾਈਆ ॥ ਮੈ ਦਸਿਹੁ ਮਾਰਗੁ ਸੰਤਹੋ ਕਿਉ ਪ੍ਰਭੂ ਮਿਲਾਈਆ ॥ ਮਨੁ ਅਰਪਿਹੁ ਹਉਮੈ ਤਜਹੁ ਇਤੁ ਪੰਥਿ ਜੁਲਾਈਆ ॥ ਨਿਤ ਸੇਵਿਹੁ ਸਾਹਿਬੁ ਆਪਣਾ ਸਤਸੰਗਿ ਮਿਲਾਈਆ ॥ ਸਭੇ ਆਸਾ ਪੂਰੀਆ ਗੁਰ ਮਹਲਿ ਬੁਲਾਈਆ ॥ ਤੁਧੁ ਜੇਵਡੁ ਹੋਰੁ ਨ ਸੁਝਈ ਮੇਰੇ ਮਿਤ੍ਰ ਗੋੁਸਾਈਆ ॥੧੨॥** {ਪੰਨਾ 1098}

ਪਦਅਰਥ:- ਪਾਈਆ—ਪਾਈਂ, ਪਾਵਾਂ। ਵਿੜਤੇ—ਵੱਟ ਲਏ, ਖੱਟ ਲਏ। ਸਾਹਿਬਾ—ਹੇ ਸਾਹਿਬ! ਬੋੁਲਾਈਆ—ਬੁਲਾਏਂ {ਅੱਖਰ 'ਬ' ਦੇ ਨਾਲ ਦੋ ਲਗਾਂ ਹਨ। ਲਫ਼ਜ਼ ਦੀ ਅਸਲ ਲਗ ੋ ਹੈ, ਇਥੇ ਪਾਠ ਕਰਨ ਲੱਗਿਆਂ ੁ ਪੜ੍ਹਨਾ ਹੈ}। ਬਿੰਦ—ਰਤਾ ਭਰ। ਸਾਈਆ—ਹੇ ਸਾਈਂ! ਸੰਤਹੋ—ਹੇ ਸੰਤ ਜਨੋ! ਕਿਉ—ਕਿਵੇਂ। ਇਤੁ ਪੰਥਿ—ਇਸ ਰਸਤੇ ਵਿਚ। ਜੁਲਾਈਆ—ਮੈਂ ਤੁਰਾਂ।

ਅਰਥ:- ਪ੍ਰਭੂ ਨੂੰ ਮਿਲਣ ਲਈ ਮੇਰਾ ਮਨ ਬੜਾ ਤਰਸਦਾ ਹੈ (ਪਰ ਸਮਝ ਨਹੀਂ ਆਉਂਦੀ ਕਿ) ਕਿਵੇਂ ਦਰਸਨ ਕਰਾਂ। ਹੇ (ਮੇਰੇ) ਮਾਲਕ! ਜੇ ਤੂੰ ਮੈਨੂੰ ਰਤਾ ਭਰ ਭੀ ਵਾਜ ਮਾਰੇਂ ਤਾਂ (ਮੈਂ ਸਮਝਦਾ ਹਾਂ ਕਿ) ਮੈਂ ਲੱਖਾਂ ਰੁਪਏ ਖੱਟ ਲਏ ਹਨ। ਹੇ ਮੇਰੇ ਸਾਈਂ! ਮੈਂ ਚੁਫੇਰੇ ਸਾਰੀ ਸ੍ਰਿਸ਼ਟੀ ਖੋਜ ਕੇ ਵੇਖ ਲਿਆ ਹੈ ਕਿ ਤੇਰੇ ਜੇਡਾ ਹੋਰ ਕੋਈ ਨਹੀਂ ਹੈ।

ਹੇ ਸੰਤ ਜਨੋ! (ਤੁਸੀ ਹੀ) ਮੈਨੂੰ ਰਾਹ ਦੱਸੋ ਕਿ ਮੈਂ ਪ੍ਰਭੂ ਨੂੰ ਕਿਵੇਂ ਮਿਲਾਂ। (ਸੰਤ ਜਨ ਰਾਹ ਦੱਸਦੇ ਹਨ ਕਿ) ਮਨ (ਪ੍ਰਭੂ ਦੇ) ਭੇਟਾ ਕਰੋ ਹਉਮੈ ਦੂਰ ਕਰੋ (ਤੇ ਆਖਦੇ ਹਨ ਕਿ) ਮੈਂ ਇਸ ਰਸਤੇ ਉਤੇ ਤੁਰਾਂ। (ਸੰਤ ਉਪਦੇਸ਼ ਦੇਂਦੇ ਹਨ ਕਿ) ਸਦਾ ਆਪਣੇ ਮਾਲਕ-ਪ੍ਰਭੂ ਨੂੰ ਯਾਦ ਕਰੋ (ਤੇ ਕਹਿੰਦੇ ਹਨ ਕਿ) ਮੈਂ ਸਤਸੰਗ ਵਿਚ ਮਿਲਾਂ। ਜਦੋਂ ਪ੍ਰਭੂ ਦੀ ਹਜ਼ੂਰੀ ਵਿਚ ਗੁਰੂ ਨੇ ਸੱਦ ਲਿਆ, ਤਾਂ ਸਾਰੀਆਂ ਆਸਾਂ ਪੂਰੀਆਂ ਹੋ ਜਾਣਗੀਆਂ।

ਹੇ ਮੇਰੇ ਮਿਤ੍ਰ! ਹੇ ਧਰਤੀ ਦੇ ਮਾਲਕ! ਮੈਨੂੰ ਤੇਰੇ ਜੇਡਾ ਹੋਰ ਕੋਈ ਲੱਭਦਾ ਨਹੀਂ (ਤੂੰ ਮੇਹਰ ਕਰ, ਤੇ ਦੀਦਾਰ ਦੇਹ)।12।